# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :19-04-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਕਾਂਗਰਸ ਅਤੇ ਇਸ ਦੇ ਗੱਠਜੋੜ ਸਹਿਯੋਗੀਆਂ ਨੇ ਮਹਿਲਾ ਰਾਖਵਾਂਕਰਨ ਬਿੱਲ ਦਾ ਵਿਰੋਧ ਕਰ ਕੇ ਜਿਹੜੀ ਗ਼ਲਤੀ ਕੀਤੀ ਏ, ਉਸ ਦੀ ਸਜ਼ਾ ਉਨ੍ਹਾਂ ਨੂੰ ਜ਼ਰੂਰੀ ਮਿਲੇਗੀ। ਕੱਲ੍ਹ ਸ਼ਾਮ ਰਾਸ਼ਟਰ ਦੇ ਨਾਂ ਆਪਣੇ ਸੰਬੋਧਨ ਵਿਚ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਵਿਰੋਧੀ ਧਿਰ ਨੇ ਸੰਸਦ ਅਤੇ ਸੂਬਿਆਂ ਦੀਆਂ ਵਿਧਾਨ ਸਭਾਵਾਂ ਵਿੱਚ ਨਾਰੀ ਸ਼ਕਤੀ ਵੰਦਨ ਸੋਧ ਬਿੱਲ ਦੀ ਵਿਰੋਧਤਾ ਕੀਤੀ ਤੇ ਇਸ ਨੂੰ ਮਨਜ਼ੂਰ ਨਹੀਂ ਹੋਣ ਦਿੱਤਾ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਅਤੇ ਐੱਨ.ਡੀ.ਏ. ਸਰਕਾਰ ਔਰਤਾਂ ਨੂੰ ਸਸ਼ਕਤ ਬਣਾਉਣ ਦੇ ਆਪਣੇ ਸੰਕਲਪ ‘ਤੇ ਅਡਿੱਗ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਜਿਹੜੀਆਂ ਪਾਰਟੀਆਂ ਔਰਤਾਂ ਦੇ ਰਾਖਵੇਂਕਰਨ ਦਾ ਵਿਰੋਧ ਕਰ ਰਹੀਆਂ ਨੇ, ਉਹ ਦੇਸ਼ ਦੀਆਂ ਔਰਤਾਂ ਦੀ ਸੰਸਦ ਤੇ ਸੂਬਾਈ ਵਿਧਾਨ ਸਭਾਵਾਂ ਵਿੱਚ ਵੱਧਦੀ ਭਾਗੀਦਾਰੀ ਨੂੰ ਰੋਕ ਨਹੀਂ ਸਕਣਗੀਆਂ। ਉਨ੍ਹਾਂ

ਕਿਹਾ ਕਿ ਇਸ ਬਿੱਲ ਨੂੰ ਮਨਜ਼ੂਰ ਹੋਣ ਲਈ ਲਾਜ਼ਮੀ 66 ਫੀਸਦੀ ਵੋਟਾਂ ਪ੍ਰਾਪਤ ਨਹੀਂ ਹੋਈਆਂ ਨੇ ਪਰ ਦੇਸ਼ ਦੀਆਂ ਸਭ ਔਰਤਾਂ ਦਾ ਅਸ਼ੀਰਵਾਦ ਉਨ੍ਹਾਂ ਦੀ ਸਰਕਾਰ ਦੇ ਨਾਲ ਏ। ਸ਼੍ਰੀ ਮੋਦੀ ਨੇ ਕਿਹਾ ਕਿ ਇਸ ਬਿੱਲ ਦਾ ਵਿਰੋਧ ਕਰ ਕੇ ਕਾਂਗਰਸ ਨੇ ਆਪਣੇ ਆਪ ਨੂੰ ਸੁਧਾਰ-ਵਿਰੋਧੀ ਪਾਰਟੀ ਸਾਬਤ ਕਰ ਦਿੱਤਾ ਏ।

------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਬੇਅਦਬੀ ਵਿਰੋਧੀ **ਜਾਗਤ ਜੋਤ ਸ਼੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਬਿੱਲ-2026** ਨੂੰ ਪ੍ਰਵਾਨਗੀ ਦੇ ਦਿੱਤੀ ਏ। ਰਾਜਪਾਲ ਦੀ ਪ੍ਰਵਾਨਗੀ ਮਿਲਣ ਨਾਲ ਇਹ ਬਿੱਲ ਬਾਕਾਇਦਾ ਤੌਰ ’ਤੇ ਲਾਗੂ ਹੋ ਗਿਆ ਏ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ ’ਤੇ ਇਸ ਸਬੰਧੀ ਫਾਈਲ ਦੀ ਕਾਪੀ ਸਾਂਝੀ ਕਰਦੇ ਹੋਏ ਇਸ ਬਾਰੇ ਪੁਸ਼ਟੀ ਕੀਤੀ ਏ। ਇਹ ਕਾਨੂੰਨ ਜਾਗਤ ਜੋਤ ਸ਼੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਾਨੂੰਨ-2008 ਦਾ ਸੋਧਿਆ ਰੂਪ ਏ। ਬੇਅਦਬੀ ਹੋਣ ’ਤੇ ਇਸ ਕਾਨੂੰਨ ਤਹਿਤ 25 ਲੱਖ ਰੁਪਏ ਦੇ ਜੁਰਮਾਨੇ ਦੇ ਨਾਲ 10 ਸਾਲਾਂ ਦੀ ਕੈਦ ਦੀ ਸਜ਼ਾ ਦਾ ਪ੍ਰਾਵਧਾਨ ਏ। ਇਸ ਤੋਂ ਪਹਿਲਾਂ, ਇਸ ਬਿੱਲ ਨੂੰ ਪੰਜਾਬ ਵਿਧਾਨ ਸਭਾ ਨੇ 13 ਅਪ੍ਰੈਲ ਨੂੰ ਸਰਬਸੰਮਤੀ ਨਾਲ ਪਾਸ

ਕੀਤਾ ਸੀ। ਓਧਰ, ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਇਸ ਲਈ ਧੰਨਵਾਦ ਕਰਦਿਆਂ ਕਿਹਾ ;
BYTE:RNU190426
-----------------------------------------------------------------

-----------------------------------------------------------------

ਅੱਜ ਦੇਸ਼ ਭਰ ਵਿੱਚ ਅਕਸ਼ੈ ਤ੍ਰਿਤੀਆ ਦਾ ਤਿਓਹਾਰ ਮਨਾਇਆ ਜਾ ਰਿਹਾ ਏ। ਇਹ ਤਿਓਹਾਰ ਸੁਭਾਗ ਤੇ ਸਫਲਤਾ ਦਾ ਪ੍ਰਤੀਕ ਏ। ਇਸ ਦਿਨ ਲੋਕ ਖੁਸ਼ੀਆਂ ਤੇ ਚੰਗੇ ਜੀਵਨ ਲਈ ਦੇਵੀ-ਦੇਵਤਿਆਂ ਨੂੰ ਪ੍ਰਾਥਨਾਵਾਂ ਕਰਦੇ ਨੇ। ਇਸ ਦਿਨ ਸੋਨਾ ਖ਼ਰੀਦਣ ਦੀ ਵੀ ਰਵਾਇਤ ਏ। ਅੱਜ ਦੇਸ਼ ਭਰ ਵਿਚ ਪਰਸ਼ੂਰਾਮ ਜੈਅੰਤੀ ਵੀ ਮਨਾਈ ਜਾ ਰਹੀ ਏ। ਭਗਵਾਨ ਪਰਸ਼ੂਰਾਮ, ਭਗਵਾਨ ਵਿਸ਼ਨੂੰ ਦੇ 6ਵੇਂ ਅਵਤਾਰ ਨੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅਕਸ਼ੈ ਤ੍ਰਿਤੀਆ ਦੇ ਮੌਕੇ ਤੇ ਨਾਗਰਿਕਾਂ ਨੂੰ ਵਧਾਈ ਦਿੱਤੀ ਏ। ਇਕ ਸੋਸ਼ਲ ਮੀਡੀਆ ਪੋਸਟ ਵਿਚ ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਤਿਓਹਾਰ ਲੋਕਾਂ ਨੂੰ ਨੇਮ ਕੰਮਾਂ, ਦਾਨ ਤੇ ਸੇਵਾ ਦੇ ਮਾਰਗ ਤੇ ਚੱਲਣ ਲਈ ਪ੍ਰੇਰਿਤ ਕਰਦਾ ਏ। ਪ੍ਰਧਾਨ ਮੰਤਰੀ ਨੇ ਪਰਸ਼ੂਰਾਮ ਜੈਅੰਤੀ ਦੇ ਮੌਕੇ ’ਤੇ ਵੀ ਸ਼ੁੱਭਕਾਮਨਾਵਾਂ ਦਿੱਤੀਆਂ ਨੇ। ਸ੍ਰੀ ਮੋਦੀ ਨੇ ਕਿਹਾ ਕਿ

ਭਗਵਾਨ ਪਰਸ਼ੂਰਾਮ, ਲੋਕਾਂ ਨੂੰ ਅਨਿਆਂ ਵਿਰੁੱਧ ਦ੍ਰਿੜ ਰਹਿਣ ਤੇ ਸੱਚ ਦੇ ਮਾਰਗ ਤੇ ਚੱਲਣ ਲਈ ਪ੍ਰੇਰਿਤ ਕਰਦੇ ਨੇ।

-----------------------------------------------------------

ਕੇਂਦਰੀ ਸਿਹਤ ਅਤੇ ਪਰਿਵਾਰ ਕਲਿਆਣ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਨਾਗਰਿਕਾਂ ਨੂੰ ਆਪਣੇ ਸਿਹਤ ਦੀ ਜ਼ਿੰਮੇਵਾਰੀ ਲੈਣ ਤੇ ਸਿਹਤਮੰਦ ਜਿਗਰ ਤੇ ਸਿਹਤਮੰਦ ਭਵਿੱਖ ਲਈ ਹਰ ਰੋਜ਼ ਬਿਹਤਰ ਬਦਲ ਚੁਣਨ ਦਾ ਸੱਦਾ ਦਿੱਤਾ ਏ। ਅੱਜ ਵਿਸ਼ਵ ਜਿਗਰ ਦਿਵਸ ਦੇ ਮੌਕੇ ‘ਤੇ ਸੋਸ਼ਲ ਮੀਡੀਆ ’ਤੇ ਇੱਕ ਪੋਸਟ ਵਿੱਚ ਸ਼੍ਰੀ ਨੱਡਾ ਨੇ ਕਿਹਾ ਕਿ ਸਿਹਤਮੰਦ ਜਿਗਰ ਸਿਹਤਮੰਦ ਜੀਵਨ ਦੀ ਕੁੰਜੀ ਏ। ਉਨ੍ਹਾਂ ਕਿਹਾ ਕਿ ਜਿਗਰ ਨੂੰ ਸਿਹਤਮੰਦ ਰੱਖਣ ਵਿੱਚ ਪੌਸ਼ਟਿਕ ਭੋਜਨ, ਲੋੜੀਂਦੀ ਮਿਕਦਾਰ ਵਿੱਚ ਪਾਣੀ ਪੀਣ ਅਤੇ ਸਰੀਰਕ ਤੌਰ ’ਤੇ ਸਰਗਰਮ ਰਹਿਣ ਵਰਗੀਆਂ ਆਦਤਾਂ ਦੀ ਖਾਸ ਅਹਿਮੀਅਤ ਹੁੰਦੀ ਏ।

-----------------------------------------------------------

ਪੰਜਾਬ ਵਿਚ ਜਾਰੀ ਮੁਹਿੰਮ ’ਗੈਂਗਸਟਰਾਂ ਤੇ ਵਾਰ’ ਦੇ 88ਵੇਂ ਦਿਨ ਪੰਜਾਬ ਪੁਲਿਸ ਨੇ ਕੱਲ੍ਹ ਸੂਬੇ ਵਿੱਚ 639 ਟਿਕਾਣਿਆਂ ’ਤੇ ਛਾਪੇਮਾਰੀ ਕੀਤੀ। ਪੁਲਿਸ ਟੀਮਾਂ ਨੇ ਚਾਰ ਹਥਿਆਰਾਂ ਸਮੇਤ 239 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ

ਗ੍ਰਿਫ਼ਤਾਰੀਆਂ ਦੀ ਗਿਣਤੀ 22 ਹਜ਼ਾਰ ਤੋਂ ਵੱਧ ਗਈ ਏ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 6 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ।

---------------------------------------------------------------

ਭਾਰਤ ਦੀ ਔਰਤਾਂ ਦੀ ਕ੍ਰਿਕਟ ਟੀਮ ਅੱਜ Durban ਵਿੱਚ, ਪੰਜ TWENTY-TWENTY ਅੰਤਰਰਾਸ਼ਟਰੀ ਮੈਚਾਂ ਦੀ ਲੜੀ ਦੇ ਦੂਜੇ ਮੈਚ ਵਿੱਚ, ਮੇਜ਼ਬਾਨ ਦੱਖਣੀ ਅਫਰੀਕਾ ਖਿਲਾਫ ਖੇਡੇਗੀ। ਇਹ ਮੈਚ ਭਾਰਤੀ ਸਮੇਂ ਮੁਤਾਬਕ ਸ਼ਾਮੀਂ ਸਾਢੇ 5 ਵਜੇ ਸ਼ੁਰੂ ਹੋਵੇਗਾ।